੧ੴ ਵਾਹਿਗੁਰੂ ਜੀ ਕੀ ਫਤਹ ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 27-11-2025 (12 ਮੱਘਰ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 43 ਦੀ ਨਕਲ :-

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਗੁਰਦੁਆਰਾ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ 25 ਨਵੰਬਰ 2025 ਨੂੰ ਕਰਵਾਏ ਗਏ ਮੁੱਖ ਸਮਾਗਮ ਦੌਰਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਮਾਨਯੋਗ ਪ੍ਰਧਾਨ ਸਾਹਿਬ ਵੱਲੋਂ ਸੰਗਤਾਂ ਦੇ ਵੱਡੇ ਇਕੱਠ ਸਮੇਂ ਇੱਕ ਵਿਸ਼ੇਸ਼ ਮਤਾ ਪੇਸ਼ ਕੀਤਾ ਗਿਆ ਸੀ, ਜਿਸ ਨੂੰ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ। ਇਸ ਮਤੇ ਨੂੰ ਰਿਕਾਰਡ ਦਾ ਹਿੱਸਾ ਬਨਾਉਣ ਲਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਪੇਸ਼ ਕਰਨ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ 'ਤੇ ਹੇਠ ਲਿਖੇ ਇਸ ਮਤੇ ਨੂੰ ਪ੍ਰਵਾਨਗੀ ਦਿੱਤੀ ਜਾਂਦੀ ਹੈ:-**

**"ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਸਤ੍ਹਾਰਵੀਂ ਸਦੀ ਵਿਚ ਹਿੰਦੋਸਤਾਨ ਦੇ ਮੁਗ਼ਲ ਬਾਦਸ਼ਾਹ ਔਰੰਗਜ਼ੇਬ ਵਲੋਂ ਕੀਤੇ ਜਾ ਰਹੇ ਜਬਰ-ਜ਼ੁਲਮ ਦੇ ਵਿਰੁੱਧ, ਜਬਰੀ ਲਾਹੇ ਜਾ ਰਹੇ ਤਿਲਕ-ਜੰਞੂ ਨੂੰ ਬਚਾਉਣ ਦੀ ਖ਼ਾਤਰ ਆਪਣਾ ਸੀਸ ਦੇ ਕੇ ਸੰਸਾਰ ਵਿਚ ਬੇਨਜ਼ੀਰ ਸ਼ਹਾਦਤ ਦਾ ਇਤਿਹਾਸ ਰਚਿਆ ਹੈ। ਵਿਸ਼ਵ ਵਿਚ ਆਪਣੇ ਅਕੀਦੇ ਲਈ ਮਰ-ਮਿਟਣ ਵਾਲੇ ਰਹਿਬਰ ਤੇ ਸੂਰਬੀਰ-ਸ਼ਹੀਦ ਬੇਸ਼ੁਮਾਰ ਹੋਣਗੇ, ਪਰ ਦੂਜਿਆਂ ਦੇ ਧਾਰਮਿਕ ਅਧਿਕਾਰਾਂ ਲਈ ਆਪਣਾ ਸੀਸ ਦੇਣ ਵਾਲੇ ਕੇਵਲ ਤੇ ਕੇਵਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਹੋਏ ਹਨ, ਜਿਨ੍ਹਾਂ ਦਾ ਜੀਵਨ ਤੇ ਸ਼ਹਾਦਤ ਸਮੁੱਚੀ ਮਾਨਵਤਾ ਲਈ ਸਿਦਕ, ਸਚਿਆਰਤਾ, ਭਰੋਸੇ, ਅਡੋਲ ਇਰਾਦੇ ਅਤੇ ਮਨੁੱਖੀ ਹੱਕਾਂ ਦੀ ਸੁਤੰਤਰਤਾ ਦਾ ਵਿਲੱਖਣ ਅਧਿਆਇ ਹੈ ਜੋ ਸਮੁੱਚੀ ਮਾਨਵ ਜਾਤੀ ਨੂੰ ਸਵੈਮਾਣ ਅਤੇ ਦਲੇਰੀ ਦੇ ਸਦਗੁਣਾਂ ਦਾ ਰਾਹਗੀਰ ਬਣਾਉਂਦਾ ਹੈ"**

ਧਰਮ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਅੱਜ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਇਕੱਤਰ ਹੋਇਆ ਵੈਰਾਗ, ਸ਼ਰਧਾ ਤੇ ਸਤਿਕਾਰ ਦਾ ਇਹ ਵਿਸ਼ਾਲ ਸਮੂਹ ਨੌਵੇਂ ਪਾਤਸ਼ਾਹ ਦੇ ਅਦੁੱਤੀ ਪਰਉਪਕਾਰਾਂ ਅਤੇ ਅਜ਼ੀਮ ਸ਼ਹਾਦਤ ਨੂੰ ਰੋਮ-ਰੋਮ ਕਰਕੇ ਸੀਸ ਝੁਕਾਉਂਦਾ ਹੈ।

1. ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਪੰਥ ਦੀ ਪ੍ਰਤੀਨਿਧ ਸੰਸਥਾ ਹੁੰਦਿਆਂ ਅੱਜ ਗੁਰੂ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਂਦਿਆਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਸ਼ਹਾਦਤ ਦੇ ਸ਼ਾਨਾਮੱਤੇ ਇਤਿਹਾਸ ਨੂੰ ਪ੍ਰਚਾਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਉਂਦੀ ਹੈ। ਇਸ ਸੇਧ ਵਿਚ ਅਗਲਾ ਪੂਰਾ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਕਰਦਿਆਂ ਧਰਮ ਪ੍ਰਚਾਰ ਦੀ ਲਹਿਰ ਪ੍ਰਚੰਡ ਕਰਨ ਅਤੇ ਘਰ-ਘਰ ਤੱਕ ਸਤਿਗੁਰਾਂ ਦੇ ਪਾਵਨ ਉਪਦੇਸ਼ਾਂ ਅਤੇ ਫਲਸਫੇ ਨੂੰ ਪਹੁੰਚਾਉਣ ਲਈ ਵੱਡੇ ਯਤਨ ਕੀਤੇ ਜਾਣਗੇ। ਸੰਗਤ ਨੂੰ ਅਪੀਲ ਹੈ ਕਿ ਗੁਰੂ ਸਾਹਿਬ ਦੀ ਮਹਾਨ ਸ਼ਹਾਦਤ ਨੂੰ ਯਾਦ ਕਰਦਿਆਂ ਧਰਮ ਦੀਆਂ ਕਦਰਾਂ ਕੀਮਤਾਂ ਨਾਲ ਬੱਚਿਆਂ ਨੂੰ ਜੋੜਨ ਦਾ ਉੱਦਮ ਕੀਤਾ ਜਾਵੇ।
2. ਅੱਜ ਦਾ ਇਹ ਪੰਥਕ ਇਕੱਠ ਇਹ ਵੀ ਮੰਗ ਕਰਦਾ ਹੈ ਕਿ ਰਾਜਨੀਤਕ ਕਾਰਨਾਂ ਕਰਕੇ ਜੇਲ੍ਹਾਂ ਵਿਚ ਦਹਾਕਿਆਂ ਤੋਂ ਨਜ਼ਰਬੰਦ ਬੰਦੀ ਸਿੰਘਾਂ ਨੂੰ, ਉਨ੍ਹਾਂ ਦੀਆਂ ਸਜ਼ਾਵਾਂ ਪੂਰੀਆਂ ਹੋਣ ਕਰਕੇ ਤੁਰੰਤ ਰਿਹਾਅ ਕੀਤਾ ਜਾਵੇ। ਕੇਂਦਰ ਸਰਕਾਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਮੌਕੇ ਸਾਲ 2019 ਵਿੱਚ ਜਾਰੀ ਕੀਤੀ ਆਪਣੀ ਨੋਟੀਫਿਕੇਸ਼ਨ ਨੂੰ ਪੂਰੀ ਤਰ੍ਹਾਂ ਲਾਗੂ ਕਰਦਿਆਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਕੇ ਉਨ੍ਹਾਂ ਸਮੇਤ ਸਾਰੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ। ਸਰਕਾਰ ਵੱਲੋਂ ਇਸ ਮਾਮਲੇ ਵਿਚ ਸਿੱਖ ਭਾਵਨਾਵਾਂ ਨੂੰ ਦਰਕਿਨਾਰ ਕਰਦਿਆਂ ਅਪਨਾਈ ਜਾ ਰਹੀ ਨਕਾਰਾਤਮਕ ਪਹੁੰਚ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾ ਰਹੀ ਹੈ। ਇਹ ਨਹੀਂ ਭੁੱਲਣਾ ਚਾਹੀਦਾ ਕਿ ਸਿੱਖਾਂ ਦੀਆਂ ਦੇਸ਼ ਲਈ ਵੱਡੀਆਂ ਕੁਰਬਾਨੀਆਂ ਹਨ ਅਤੇ ਇਸ ਦੇਸ਼ ਦਾ ਸਭਿਆਚਾਰਕ ਖਾਸਾ ਸਿੱਖਾਂ ਦੀਆਂ ਕੁਰਬਾਨੀਆਂ ਸਦਕਾ ਹੀ ਕਾਇਮ ਹੈ। ਕੇਂਦਰ ਸਰਕਾਰ ਇਸ ਮਾਮਲੇ ਵਿਚ ਵੱਡਾ ਦਿਲ ਦਿਖਾਵੇ ਅਤੇ ਮਨੁੱਖੀ ਸੰਵੇਦਨਾ ਦੀ ਕਦਰ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ।
3. ਇਸ ਦੇ ਨਾਲ ਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ 'ਤੇ ਦੇਸ਼ ਦੀ ਸਰਕਾਰ ਕੋਲੋਂ ਮੰਗ ਕਰਦੇ ਹਾਂ ਕਿ ਗੁਰੂ ਸਾਹਿਬ ਵਲੋਂ ਧਰਮ ਦੀ ਆਜ਼ਾਦੀ ਲਈ ਦਿੱਤੀ ਮਹਾਨ ਸ਼ਹਾਦਤ ਨੂੰ ਸਿਜਦਾ ਕਰਦਿਆਂ ਦੇਸ਼ ਵਿਚ ਸਿੱਖਾਂ ਦੀ ਧਾਰਮਿਕ ਆਜ਼ਾਦੀ ਅਤੇ ਸਿੱਖੀ ਪਛਾਣ ਲਈ ਰੁਕਾਵਟ ਬਣਨ ਵਾਲੇ ਅਮਲਾਂ ਨੂੰ ਤੁਰੰਤ ਬੰਦ ਕਰਕੇ ਸਿੱਖਾਂ ਨੂੰ ਆਪਣੇ ਨਿਆਰੇ ਸਰੂਪ, ਕਕਾਰਾਂ ਅਤੇ ਫਲਸਫੇ ਨੂੰ ਧਾਰਨ ਕਰਦਿਆਂ ਜੀਣ ਦਾ ਸੁਖਾਵਾਂ ਮਾਹੌਲ ਦਿੱਤਾ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*****************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22618 (T) ਮਿਤੀ 09-12-2025

ਉਤਾਰਾ:
1. ਸਕੱਤਰ ਜੀ, ਸ਼੍ਰੋਮਣੀ ਗੁ:ਪ੍ਰ: ਕਮੇਟੀ।
2. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
3. ਸੁਪਰਵਾਈਜ਼ਰ ਜੀ, ਪਬਲੀਸਿਟੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।